# ਪ੍ਰੈਸ ਨੋਟ

## ਸ੍ਰੀ ਮੁਕਤਸਰ ਸਾਹਿਬ ਪੁਲਿਸ ਅਤੇ ਰਾਜਸਥਾਨ ਪੁਲਿਸ ਵੱਲੋਂ ਸਾਂਝੀ ਕਾਰਵਾਈ ਦੌਰਾਨ 04 ਪੀ.ਓ ਨੂੰ ਕੀਤਾ ਕਾਬੂ

### ਰਾਜਸਥਾਨ ਦੇ ਥਾਣਿਆਂ ਦੇ ਵੱਖ ਵੱਖ ਮੁਕੱਦਿਆਂ ਵਿੱਚ ਮਾਨਯੋਗ ਅਦਾਲਤ ਵੱਲੋਂ ਦਿੱਤੇ ਗਏ ਸਨ ਪੀ.ਓ ਘੋਸ਼ਿਤ

ਸ੍ਰੀ ਮੁਕਤਸਰ ਸਾਹਿਬ (            ) ਮਾਨਯੋਗ ਸ੍ਰੀ ਗੋਰਵ ਯਾਦਵ ਆਈ.ਪੀ.ਐਸ. ਡੀ.ਜੀ.ਪੀ ਪੰਜਾਬ ਦੀਆਂ ਹਦਾਇਤਾ ਤਹਿਤ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ. ਵੱਲੋਂ ਰਾਜਸਥਾਨ ਵਿਧਾਨ ਸਭਾ ਇਲਕੈਸ਼ਨ ਦੇ ਮੱਦੇਨਜ਼ਰ, ਰਾਜਸਾਥਨ ਪੁਲਿਸ ਅਤੇ ਜਿਲ੍ਹਾ ਪੁਲਿਸ ਵੱਲੋਂ ਸਾਂਝੇ ਤੌਰ ਤੇ ਕਾਰਵਾਈ ਕਰਦਿਆ ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਨਾਲ ਲੱਗਦੀਆਂ ਸਰਹੱਦਾ ਤੇ ਸਖਤ ਸੁਰੱਖਿਆਂ ਪ੍ਰਬੰਧ ਕੀਤੇ ਗਏ ਹਨ ਤਾਂ ਜੋ ਕਿਸੇ ਵੀ ਤਰਾ ਦੇ ਨਜ਼ਾਇਜ ਸ਼ਰਾਬ ਤਸਕਰੀ ਅਤੇ ਹੋਰ ਪ੍ਰਕਾਰ ਦੇ ਨਸ਼ੇ ਤੇ ਠੱਲ ਪਾਈ ਜਾ ਸਕੇ ਅਤੇ ਕੋਈ ਵੀ ਸ਼ਰਾਰਤੀ ਅਨਸਰ ਕਾਨੂੰਨ ਦੀ ਉਲਘੰਨਣਾ ਨਾ ਕਰ ਸਕੇ। ਇਸੇ ਤਹਿਤ ਹੀ ਰਾਜਸਥਾਨ ਪੁਲਿਸ ਅਤੇ ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਸਾਂਝੇ ਤੌਰ ਤੇ ਕਾਰਵਾਈ ਹਿੱਤ ਵਿੱਚ ਲਿਆਉਦੇ ਹੋਏ ਰਾਜਸਥਾਨ ਸੂਬੇ ਦੇ ਵੱਖ ਵੱਖ ਥਾਣਿਆ ਵਿੱਚ ਦਰਜ ਮੁਕੱਦਮਿਆਂ ਦੇ 04 ਦੋਸ਼ੀ ਜਿਨ੍ਹਾਂ ਨੂੰ ਮਾਨਯੋਗ ਅਦਾਲਤ ਵੱਲੋਂ ਪੀ.ਓ ਘੋਸ਼ਿਤ ਕੀਤਾ ਗਿਆ ਸੀ, ਸ੍ਰੀ ਜੌਰਨ ਡੀ.ਐਸ.ਪੀ ਸੰਗਰੀਆ(ਰਾਜਸਥਾਨ) ਤੇ ਪੁਲਿਸ ਪਾਰਟੀ ਅਤੇ ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਸਾਂਝੀ ਕਾਰਵਾਈ ਕਰਦੇ ਹੋਏ 04 ਪੀ.ਓ ਨੂੰ ਕਾਬੂ ਕਰਨ ਵਿੱਚ ਸਫਲਤਾ ਹਾਸਿਲ ਕੀਤੀ ਗਈ ਹੈ।

1. ਜਾਣਕਾਰੀ ਅਨੁਸਾਰ ਪਾਲ ਕੌਰ ਪਤਨੀ ਜਗਸੀਰ ਸਿੰਘ ਵਾਸੀ ਪਿੰਡ ਝੋਰੜ ਜਿਸ ਤੇ ਮੁਕੱਦਮਾ ਨੰਬਰ 55/2016 ਅ/ਧ 15/61/85 ਐਨ.ਡੀ.ਪੀ.ਐਸ. ਐਕਟ ਥਾਣਾ ਰਾਵਤਸਰ ਦਰਜ ਹੋਇਆ ਸੀ। ਜਿਸ ਨੂੰ ਮਾਨਯੋਗ ਅਦਾਲਤ ਵੱਲੋਂ ਮਿਤੀ 18/10/22 ਨੂੰ ਪੀ.ਓ ਘੋਸ਼ਿਤ ਕੀਤਾ ਗਿਆ ਸੀ। ਇਸ ਦੌਰਾਨ ਰਜਾਸਥਾਨ ਪੁਲਿਸ ਅਤੇ ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਸਾਂਝੇ ਤੌਰ ਤੇ ਕਾਰਵਾਈ ਕਰਦੇ ਹੋਏ ਪਾਲ ਕੌਰ ਪਤਨੀ ਜਗਸੀਰ ਸਿੰਘ ਨੂੰ ਕਾਬੂ ਕਰ ਲਿਆ ਜਿਸ ਤੇ ਅਗਲੀ ਕਾਰਵਾਈ ਸ਼ੁਰੂ ਕੀਤੀ ਗਈ ਹੈ।

2. ਇਸੇ ਤਰਾਂ ਹੀ ਰਣਬੀਰ ਸਿੰਘ ਉਰਫ ਰਾਣਾ ਪੁੱਤਰ ਨਿਸ਼ਾਨ ਸਿੰਘ ਵਾਸੀ ਕਿਲਾ ਪੱਤੀ ਪਿੰਡ ਮਲੋਟ ਜਿਸ ਤੇ ਮੁਕੱਦਮਾ ਨੰਬਰ 361 ਮਿਤੀ 17/06/2000 ਅ/ਧ 379 ਹਿੰ:ਦੰ ਥਾਣਾ ਸੰਗਰੀਆ ਵਿਖੇ ਦਰਜ ਕੀਤਾ ਗਿਆ ਸੀ । ਜਿਸ ਨੂੰ ਮਾਨਯੋਗ ਅਦਾਲਤ ਵੱਲੋਂ ਪੀ.ਓ ਘੋਸ਼ਿਤ ਕੀਤਾ ਗਿਆ ਸੀ ਜਿਸ ਨੂੰ ਰਾਜਸਥਾਨ ਪੁਲਿਸ ਅਤੇ ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਸਾਂਝੇ ਤੌਰ ਤੇ ਕਾਰਵਾਈ ਕਰਦੇ ਹੋਏ ਕਾਬੂ ਕੀਤਾ ਗਿਆ ਜਿਸ ਤੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

3. ਇਸੇ ਤਰਾਂ ਹੀ 1.ਜਗਸੀਰ ਸਿੰਘ ਪੁੱਤਰ ਮੰਦਰ ਸਿੰਘ ਅਤੇ 2. ਲਖਵਿੰਦਰ ਸਿੰਘ ਉਰਫ ਸੁੱਖਾ ਪੁੱਤਰ ਜਗਸੀਰ ਸਿੰਘ ਵਾਸੀਆਨ ਮਾਨ ਸਿੰਘ ਵਾਲਾ ਇੰਨਾਂ ਦੋਨਾ ਤੇ ਮੁਕੱਦਮਾ ਨੰਬਰ 120/23 ਅ/ਧ 420, 380, 348, 323, 325, 365, 382, 386,120ਬੀ ਥਾਣਾ ਚੂੰਨਾਵੱਡ ਵਿਖੇ ਦਰਜ ਰਜਿਸਟਰ ਸੀ।ਇਨ੍ਹਾਂ ਦੋਨਾਂ ਨੂੰ ਮਾਨਯੋਗ ਅਦਾਲਤ ਵੱਲੋਂ ਪੀ.ਓ ਘੋਸ਼ਿਤ ਕੀਤਾ ਗਿਆ ਸੀ। ਜਿਸ ਨੂੰ ਰਾਜਸਥਾਨ ਪੁਲਿਸ ਅਤੇ ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਸਾਂਝੇ ਤੌਰ ਤੇ ਕਾਰਵਾਈ ਕਰਦੇ ਹੋਏ ਇਨ੍ਹਾਂ ਦੋਨਾ ਨੂੰ ਕਾਬੂ ਕਰ ਅਗਲੇਰੀ ਕਾਰਵਾਈ ਹਿੱਤ ਵਿੱਚ ਲਿਆਂਦੀ ਜਾ ਰਹੀ ਹੈ